# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 12-08-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰ ਸਰਕਾਰ ਵਲੋਂ ਪੰਜਾਬ ,ਓਡੀਸ਼ਾ, ਅਤੇ ਆਂਧਰਾ ਪ੍ਰਦੇਸ਼ ਵਿੱਚ ਚਾਰ ਨਵੇਂ ਸੈਮੀਕੰਡਕਟਰ ਪ੍ਰੋਜੈਕਟਾਂ ਨੂੰ ਮਨਜ਼ੂਰੀ ।

- ਪੰਜਾਬ ਸਮੇਤ ਦੇਸ਼ ਭਰ ਵਿਚ ਆਜ਼ਾਦੀ ਦਿਵਸ ਨੂੰ ਸਮਰਪਿਤ ਹਰ ਘਰ ਤਿਰੰਗਾ ਮੁਹਿੰਮ ਤਹਿਤ, ਤਿਰੰਗਾ ਰੈਲੀਆਂ ਦਾ ਆਯੋਜਨ।

- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ- 'ਸੇਫ ਪੰਜਾਬ ਪੋਰਟਲ' ਸਦਕਾ ਇੱਕ ਸਾਲ ਵਿੱਚ 5 ਹਜ਼ਾਰ ਤੋਂ ਵੱਧ ਮਾਮਲੇ ਦਰਜ ਹੋਏ - 25 ਹਜ਼ਾਰ 552 ਮੁਲਜ਼ਮ ਕੀਤੇ ਗਏ ਗ੍ਰਿਫ਼ਤਾਰ।

- ਕਪੂਰਥਲਾ ਵਿਚ ਪਾਣੀ ਦੇ ਵਧਦੇ ਪੱਧਰ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਨੇ ਲਿਆ ਸਥਿੱਤੀ ਦਾ ਜਾਇਜ਼ਾ -ਲਗਾਤਾਰ ਨਿਗਰਾਨੀ ਲਈ ਡਰੋਨ ਦੀ ਵਰਤੋਂ ਸ਼ੁਰੂ।

- ਨਸ਼ਾ ਮੁਕਤ ਸਮਾਜ ਦਾ ਸੰਦੇਸ਼ ਫੈਲਾਉਣ ਲਈ, ਜਲੰਧਰ ਤੋਂ ਸੱਤ ਮੈਂਬਰੀ ਮਹਿਲਾ ਬਾਈਕਰ ਸਮੂਹ 'ਪੰਜ-ਆਬ ਰਾਈਡਰਜ਼' ਵੱਲੋਂ, ਇੱਕ ਵਿਲੱਖਣ 'ਰਾਈਡ ਫਾਰ ਪੀਸ' ਨੂੰ ਡਿਪਟੀ ਕਮਿਸ਼ਨਰ ਨੇ ਝੰਡੀ ਦੇ ਕੇ ਰਵਾਨਾ ਕੀਤਾ।

## ਹੁਣ ਖਬਰਾਂ ਵਿਸਥਾਰ ਨਾਲ.....

ਸਰਕਾਰ ਨੇ ਪੰਜਾਬ ,ਓਡੀਸ਼ਾ, ਅਤੇ ਆਂਧਰਾ ਪ੍ਰਦੇਸ਼ ਵਿੱਚ ਚਾਰ ਨਵੇਂ ਸੈਮੀਕੰਡਕਟਰ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਇਨ੍ਹਾਂ ਪ੍ਰੋਜੈਕਟਾਂ ਦੀ ਅਨੁਮਾਨਤ ਲਾਗਤ 4 ਹਜ਼ਾਰ 594 ਕਰੋੜ ਰੁਪਏ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਅੱਜ ਨਵੀਂ ਦਿੱਲੀ ਵਿੱਚ ਹੋਈ ਕੇਂਦਰੀ ਮੰਤਰੀ ਮੀਟਿੰਗ ਦੇ ਫੈਸਲੇ ਬਾਰੇ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਸਰਕਾਰ ਸੈਮੀ-

ਕੰਡਕਟਰ ਅਤੇ ਇਲੈਕਟ੍ਰੋਨਿਕਸ ਸੈਕਟਰ ਲਈ ਇੱਕ ਮਜ਼ਬੂਤ ਵਿਧੀ ਬਣਾ ਰਹੀ ਏ । ਉਨ੍ਹਾਂ ਕਿਹਾ ਕਿ ਪਿਛਲੇ 11 ਸਾਲਾਂ ਵਿੱਚ, ਇਲੈਕਟ੍ਰੋਨਿਕਸ ਸੈਕਟਰ ਵਿੱਚ ਨਿਰਮਾਣ ਛੇ ਗੁਣਾ ਵਧਿਆ ਏ ਅਤੇ ਬਰਾਮਦ ਅੱਠ ਗੁਣਾ ਵਧੀ ਏ।

BYTE

ਸੂਚਨਾ ਅਤੇ ਪ੍ਰਸਾਰਣ ਮੰਤਰੀ ਨੇ ਐਲਾਨ ਕੀਤਾ ਕਿ ਸੈਮੀਕੋਨ ਇੰਡੀਆ - 2025 ਅਗਲੇ ਮਹੀਨੇ ਦੀ 2 ਤਰੀਕ ਤੋਂ ਨਵੀਂ ਦਿੱਲੀ ਵਿੱਚ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਮਲੇਸ਼ੀਆ, ਜਾਪਾਨ, ਸਿੰਗਾਪੁਰ ਅਤੇ ਦੱਖਣੀ ਕੋਰੀਆ ਭਾਈਵਾਲਾਂ ਵਜੋਂ ਹਿੱਸਾ ਲੈਣਗੇ । ਪ੍ਰੋਜੈਕਟਾਂ ਬਾਰੇ ਹੋਰ ਵੇਰਵੇ ਨਾਲ ਇਕ ਰਿਪੋਰਟ :

-----------------------------------------------------

ਸੱਭਿਆਚਾਰ ਮੰਤਰਾਲੇ ਵਲੋਂ ਅੱਜ ਨਵੀਂ ਦਿੱਲੀ ਵਿੱਚ ਹਰ ਘਰ ਤਿਰੰਗਾ ਅਭਿਆਨ ਤਹਿਤ ਤਿਰੰਗਾ ਮੋਟਰਸਾਈਕਲ ਰੈਲੀ ਕੱਢੀ ਗਈ । ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਕਿਰੇਨ ਰਿਜੀਜੂ, ਸੰਜੇ ਸੇਠ ਅਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਹੋਰ ਸੰਸਦ ਮੈਂਬਰਾਂ ਨਾਲ

ਰੈਲੀ ਦੀ ਅਗਵਾਈ ਕੀਤੀ । ਇਹ ਰੈਲੀ ਆਜ਼ਾਦੀ ਦਿਵਸ ਤੋਂ ਪਹਿਲਾਂ ਆਯੋਜਿਤ ਸਾਲਾਨਾ ਜਸ਼ਨਾਂ ਦਾ ਹਿੱਸਾ ਏ । ਇਸ ਮੌਕੇ ਬੋਲਦਿਆਂ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਸ਼੍ਰੀ ਸ਼ੇਖਾਵਤ ਨੇ ਕਿਹਾ ਕਿ ਰਾਸ਼ਟਰੀ ਝੰਡਾ ਦੇਸ਼ ਨੂੰ ਇੱਕ ਦੂਜੇ ਨਾਲ ਜੋੜਦਾ ਏ ।

BYTE

-------------------------------------------------------

ਓਧਰ ਚੰਡੀਗੜ੍ਹ ਸਥਿਤ ਹਵਾਈ ਫੋਜ ਦੇ ਬੇਸ ਰਿਪੇਅਰ ਡਿਪੂ ਨੇ ਅੱਜ ਭਾਰਤ ਦੇ ਆਜ਼ਾਦੀ ਦਿਵਸ ਨੂੰ ਸਮਰਪਿਤ ਹਰ ਘਰ ਤਿਰੰਗਾ ਮੁਹਿੰਮ ਤਹਿਤ, ਇੱਕ ਤਿਰੰਗਾ ਮੋਟਰਸਾਈਕਲ ਰੈਲੀ ਦਾ ਆਯੋਜਨ ਕੀਤਾ । ਇਸ ਸਮਾਗਮ ਨੂੰ  ਚੰਡੀਗੜ੍ਹ ਤੋਂ ਏਅਰ ਅਫਸਰ ਕਮਾਂਡਿੰਗ ਦੇ ਏਅਰ ਕਮੋਡੋਰ ਨਿਪੁਣ ਗੁਪਤਾ ਨੇ  ਝੰਡੀ ਦਿਖਾ ਕੇ ਰਵਾਨਾ ਕੀਤਾ। ਸੀਨੀਅਰ ਅਧਿਕਾਰੀਆਂ ਅਤੇ ਹਵਾਈ ਯੋਧਿਆਂ ਨੇ ਰੈਲੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਮਾਤ ਭੂਮੀ ਪ੍ਰਤੀ ਆਪਣੀ ਅਟੁੱਟ ਵਫ਼ਾਦਾਰੀ ਅਤੇ ਸਮਰਪਣ ਦੇ ਪ੍ਰਤੀਕ ਵਜੋਂ ਰਾਸ਼ਟਰੀ ਝੰਡਾ ਮਾਣ ਨਾਲ ਚੁੱਕਿਆ । ਇਹ ਰੈਲੀ ਭਾਰਤ ਦੀ  ਵਿਰਾਸਤ ਦਾ ਇੱਕ ਸ਼ਾਨਦਾਰ ਜਸ਼ਨ ਬਣੀ, ਜਿਸ

ਵਿੱਚ ਬਾਈਕਰਸ ਨੇ ਸ਼ਹਿਰ ਭਰ ਵਿੱਚ ਦੇਸ਼ ਭਗਤੀ ਦਾ ਜੋਸ਼ ਫੈਲਾਉਂਦੇ ਹੋਏ, ਨਾਗਰਿਕਾਂ ਨੂੰ ਰਾਸ਼ਟਰੀ ਮਾਣ ਦੇ ਪ੍ਰਤੀ ਪ੍ਰੇਰਿਤ ਕੀਤਾ। ਦੇਸ਼ ਦੇ ਸ਼ਹੀਦਾਂ ਦੀਆਂ ਸਰਵਉੱਚ ਕੁਰਬਾਨੀਆਂ ਨੂੰ ਸੈਕਟਰ-3 ਦੇ ਜੰਗੀ ਸਮਾਰਕ ਵਿਖੇ ਸ਼ਰਧਾਂਜਲੀ ਦਿਤੀ । ਰੈਲੀ ਨੂੰ ਚੰਡੀਗੜ੍ਹ ਦੇ ਵੱਖ-ਵੱਖ ਖੇਤਰਾਂ ਦੇ ਨਾਗਰਿਕਾਂ ਨੇ ਹਵਾਈ ਸੈਨਾ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ 'ਸੇਫ ਪੰਜਾਬ ਪੋਰਟਲ' ਸਦਕਾ ਇੱਕ ਸਾਲ ਵਿੱਚ 5,000 ਤੋਂ ਵੱਧ ਮਾਮਲੇ ਦਰਜ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਏ । ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਗਸਤ 2024 ਵਿੱਚ ਨਸ਼ਾ ਤਸਕਰਾਂ ਅਤੇ ਨਸ਼ਾ ਹੌਟਸਪੌਟਸ ਬਾਰੇ ਜਨਤਕ ਜਾਣਕਾਰੀ ਅਤੇ ਸੁਝਾਅ ਇਕੱਠੇ ਕਰਨ ਲਈ ਜਾਰੀ ਕੀਤੇ ਗਏ ਇਸ ਵਟਸਐਪ ਚੈਟਬੋਟ ਨੇ 32 ਫੀਸਦੀ ਦੀ ਪ੍ਰਸ਼ੰਸਾਯੋਗ ਪਰਿਵਰਤਨ ਦਰ ਹਾਸਲ ਕੀਤੀ ਏ , ਜਿਸ ਨਾਲ ਲੋਕਾਂ ਵੱਲੋਂ ਦਿੱਤੀ ਜਾਣਕਾਰੀ ਨੂੰ ਠੋਸ ਪੁਲਿਸ ਕਾਰਵਾਈ ਵਿੱਚ ਬਦਲਿਆ ਗਿਆ ਏ । ਪੰਜਾਬ ਭਵਨ ਵਿਖੇ ਇੱਕ ਪ੍ਰੈੱਸ

ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਵਟਸਐਪ ਚੈਟਬੋਟ, ਜੋ 97-79-10-02-00 'ਤੇ ਉਪਲਬਧ ਏ , ਨੂੰ ਮਿਲ ਰਹੇ ਭਰਵੇਂ ਜਨਤਕ ਹੁੰਗਾਰੇ ਨੇ 'ਸੇਫ ਪੰਜਾਬ ਪੋਰਟਲ' ਨੂੰ ਪੁਲਿਸ ਨਾਲ ਜਨਤਕ ਸਹਿਯੋਗ ਲਈ ਦੇਸ਼ ਦੇ ਸਭ ਤੋਂ ਪ੍ਰਭਾਵਸ਼ਾਲੀ ਪੋਰਟਲਾਂ ਵਿੱਚੋਂ ਇੱਕ ਬਣਾ ਦਿੱਤਾ ਏ। ਵਿੱਤ ਮੰਤਰੀ ਨੇ ਦੱਸਿਆ ਕਿ ਇਸ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ,ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਕੁੱਲ 16 ਹਜ਼ਾਰ 322 ਮਾਮਲੇ ਦਰਜ ਕੀਤੇ ਗਏ ਹਨ, ਜਿਸ ਤਹਿਤ 25 ਹਜ਼ਾਰ 552 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਦੀਆਂ 182 ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਾਹਿਆ ਗਿਆ ਏ। ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ, ਜਿਸ ਵਿੱਚ 1 ਹਜ਼ਾਰ 54 ਕਿਲੋ ਹੈਰੋਇਨ, 21 ਹਜ਼ਾਰ 534 ਕਿਲੋ ਭੁੱਕੀ, 366 ਕਿਲੋ ਅਫ਼ੀਮ ਅਤੇ 30 ਲਖ ਤੋਂ ਵੱਧ ਗੋਲੀਆਂ, ਕੈਪਸੂਲ ਅਤੇ ਨਸ਼ੀਲੀਆਂ ਦਵਾਈਆਂ ਸ਼ਾਮਲ ਨੇ।

---------------------------------------------------

ਬੀਤੇ ਕੁਝ ਦਿਨਾਂ ਤੋਂ ਪਹਾੜੀ ਇਲਾਕਿਆਂ ਖਾਸ ਕਰ ਕੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ 'ਚ ਹੋ ਰਹੀ ਲਗਾਤਾਰ ਭਾਰੀ ਬਾਰਿਸ਼ ਕਾਰਣ ਪੰਜਾਬ ਦੇ ਕੁਝ ਇਲਾਕਿਆਂ 'ਚ ਅਸਰ ਪੈ ਰਿਹਾ ਏ। ਭਾਰੀ ਮੀਂਹ ਕਾਰਨ ਪਠਾਨਕੋਟ-ਡਲਹੋਜੀ ਮਾਰਗ ਨਜ਼ਦੀਕ ਦੁਨੇਰਾ ਪ੍ਰਭਾਵਿਤ ਹੋਇਆ ਏ, ਜਿਸ ਨੂੰ ਦੇਖਦੇ ਹੋਏ ਜਿਲ੍ਹਾ ਪ੍ਰਸ਼ਾਸਨ ਪਠਾਨਕੋਟ ਵੱਲੋਂ ਵੱਡੇ ਵਾਹਨਾਂ ਦੇ ਲਈ ਇਸ ਮਾਰਗ ਨੂੰ ਅਗਲੇ ਹੁਕਮਾਂ ਤੱਕ ਬੰਦ ਕੀਤਾ ਗਿਆ ਏ । ਵਧੀਕ ਡਿਪਟੀ ਕਮਿਸ਼ਨਰ ਹਰਦੀਪ ਸਿੰਘ ਨੇ ਦਸਿਆ ਕਈ ਪਠਾਨਕੋਟ ਡਲਹੋਜੀ ਮਾਰਗ ਨਜ਼ਦੀਕ ਦੁਨੇਰਾ ਤੇਜ਼ ਬਾਰਿਸ਼ ਦੇ ਕਾਰਨ ਧਸ ਜਾਣ ਕਰਕੇ ਆਵਾਜਾਈ ਬੀਤੀ ਰਾਤ ਤੋਂ ਬੰਦ ਕਰ ਦਿੱਤੀ ਗਈ ਸੀ। ਉਹਨਾਂ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਨੂੰ ਲੈ ਕੇ ਪੈਦਲ ਚੱਲਣ ਵਾਲੇ ਲੋਕਾਂ, ਦੋ ਪਈਆ ਵਾਹਣ ਅਤੇ ਛੋਟੀਆਂ ਗੱਡੀਆਂ ਦੇ ਲਈ ਇਸ ਮਾਰਗ ਨੂੰ ਠੀਕ ਕਰ ਦਿੱਤਾ ਗਿਆ ਏ ਪਰ ਇਸ ਮਾਰਗ ਤੇ ਵੱਡੀਆਂ ਗੱਡੀਆਂ 'ਤੇ ਪਾਬੰਦੀ ਲਗਾਈ ਗਈ ਏ। ਕਪੂਰਥਲਾ ਵਿਖੇ ਬਿਆਸ ਦਰਿਆ ਵਿੱਚ ਪਾਣੀ ਦੇ ਵਧਦੇ ਪੱਧਰ ਨੂੰ ਦੇਖਦੇ ਹੋਏ, ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ

ਸੁਲਤਾਨਪੁਰ ਲੋਧੀ ਦੇ ਕੁਝ ਪਿੰਡਾਂ ਦੇ ਖੇਤਾਂ ਵਿੱਚ ਪਾਣੀ ਭਰਨ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ, ਬਾਊਪੁਰ ਜਾਦੀਦ ਦਾ ਦੌਰਾ ਕੀਤਾ। ਉਨ੍ਹਾਂ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਹੜ੍ਹ ਰੋਕਥਾਮ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਵੇਲੇ 1 ਲੱਖ 5 ਹਜ਼ਾਰ ਕਿਊਸਿਕ ਪਾਣੀ ਵਹਿ ਰਿਹਾ ਏ ਅਤੇ ਪਿਛਲੇ 12 ਘੰਟਿਆਂ ਵਿੱਚ ਪਾਣੀ ਦੇ ਪੱਧਰ ਵਿੱਚ ਕੋਈ ਵਾਧਾ ਨਹੀਂ ਹੋਇਆ ਏ।

BYTE

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਨੇ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਮੰਡ ਖੇਤਰ ਵਿੱਚ ਪਾਣੀ ਦੇ ਪੱਧਰ ਦੀ ਨਿਰੰਤਰ ਨਿਗਰਾਨੀ ਲਈ ਡਰੋਨ ਦੀ ਵਰਤੋਂ ਵੀ ਸ਼ੁਰੂ ਕਰ ਦਿੱਤੀ ਏ। ਐਨ.ਡੀ.ਆਰ.ਐਫ ਅਤੇ ਐਸ.ਡੀ.ਆਰ.ਐਫ ਟੀਮਾਂ ਨੂੰ ਵੀ ਅਲਰਟ ਜਾਰੀ ਕੀਤਾ ਗਿਆ ਏ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ, ਸਾਵਧਾਨੀ ਦੇ ਤੌਰ 'ਤੇ ਬਾਊਪੁਰ ਜਾਦੀਦ ਦੇ ਸਰਕਾਰੀ ਹਾਈ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਅਗਲੇ 2 ਦਿਨਾਂ ਲਈ ਬੰਦ

ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਭਾਵਿਤ ਖੇਤਰ ਦੇ ਲੋਕਾਂ ਦੀ ਸੁਰੱਖਿਆ ਲਈ ਰਾਹਤ ਕੇਂਦਰਾਂ ਦੀ ਵੀ ਪਛਾਣ ਕੀਤੀ ਗਈ ਏ  ਤਾਂ ਜੋ ਲੋੜ ਪੈਣ 'ਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਏ  ਅਤੇ ਰਾਹਤ ਕੈਂਪ ਸਥਾਪਤ ਕਰਨ ਤੋਂ ਇਲਾਵਾ ਸੁੱਕਾ ਰਾਸ਼ਨ, ਜਾਨਵਰਾਂ ਲਈ ਹਰਾ ਚਾਰਾ ਅਤੇ ਦਵਾਈਆਂ ਦਾ ਵੀ ਪ੍ਰਬੰਧ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਧੁੱਸੀ ਡੈਮ ਵਿਖੇ ਮਨਰੇਗਾ ਵਰਕਰਾਂ ਵੱਲੋਂ ਲਗਭਗ 20 ਹਜ਼ਾਰ ਮਿੱਟੀ ਦੇ ਥੈਲੇ ਤਿਆਰ ਕੀਤੇ ਜਾ ਰਹੇ ਨੇ। ਉਨ੍ਹਾਂ ਸਪੱਸ਼ਟ ਕੀਤਾ ਕਿ ਧੁੱਸੀ ਡੈਮ ਪੂਰੀ ਤਰ੍ਹਾਂ ਸੁਰੱਖਿਅਤ ਏ  ਅਤੇ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਥਾਪਿਤ ਕੀਤੇ ਗਏ ਕੰਟਰੋਲ ਰੂਮ ਨੰਬਰ 018-22-23-19-90 ਉਪਰ ਜਾਣਕਾਰੀ ਲਈ ਲੋਕ ਸਿੱਧਾ ਸੰਪਰਕ ਕਰ ਸਕਦੇ ਨੇ। ਓਧਰ ਹੋਸ਼ਿਆਰਪੁਰ  ਵਿਚ ਪੋਂਗ ਡੈਮ ਤੋਂ ਵਾਧੂ ਪਾਣੀ ਛੱਡੇ ਜਾਣ ਕਾਰਨ ਬਿਆਸ ਦਰਿਆ ਤੋਂ  ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨਾ ਸ਼ੁਰੂ ਹੋ

ਗਿਆ ਏ । ਟਾਂਡਾ ਇਲਾਕੇ ਦੇ ਪਿੰਡ ਅਬਦੁੱਲਾਪੁਰ ਨੇੜੇ ਮੰਡ ਇਲਾਕੇ ਦੇ ਵਿੱਚ ਪਾਣੀ ਤਕਰੀਬਨ ਚਾਰ ਫੁੱਟ ਤੱਕ ਭਰ ਚੁੱਕਾ ਹੈ । ਸਾਡੇ ਪੱਤਰਕਾਰ ਨੇ ਦਸਿਆ ਏ ਜਿਸਦੇ ਚਲਦੇਆ ਮੰਡ ਇਲਾਕੇ ਵਿੱਚ ਰਹਿਣ ਵਾਲੇ ਕਰੀਬ 35 ਤੋਂ 40 ਪਰਿਵਾਰ ਟਰੈਕਟਰ ਟਰਾਲੀਆਂ ਦੀ ਮਦਦ ਨਾਲ ਆਪਣਾ ਜਰੂਰੀ ਸਮਾਨ ਲੈ ਕੇ ਸੁਰੱਖਿਤ ਥਾਵਾਂ ਵੱਲ ਨਿਕਲ ਚੁੱਕੇ ਹਨ। ਇਸੇ ਤਰ੍ਹਾਂ ਪਿੰਡ ਅਬਦੁੱਲਾਪੁਰ ਦੇ ਖੇਤਾਂ ਵਿੱਚ ਵੀ ਪਾਣੀ ਭਰ ਚੁੱਕਿਆ ਹੈ ਅਤੇ ਪਿੰਡ ਦੇ ਅੰਦਰ ਵੀ ਪਾਣੀ ਪਹੁੰਚਣਾ ਸ਼ੁਰੂ ਹੋ ਗਿਆ ਏ। ਪ੍ਰਸ਼ਾਸਨ ਵੱਲੋਂ ਪਿੰਡ ਇਬਰਾਹਿਮਪੁਰ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ ਸ਼ੈਲਟਰ ਬਣਾਇਆ ਗਿਆ ਏ ਹੋਸ਼ਿਆਰਪੁਰ ਪ੍ਰਸ਼ਾਸ਼ਨ ਨੇ ਪ੍ਰਭਾਵਿਤ ਲੋਕਾਂ ਵਲੋਂ ਸੰਪਰਕ ਲਈ ਹੈਲਪਲਾਈਨ ਨੰਬਰ 01882-220-412 ਜਾਰੀ ਕੀਤਾ ਗਿਆ ਏ।

---------------------------------------------------

ਪੰਜਾਬ ਸਰਕਾਰ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੱਜ ਜਲੰਧਰ ਜ਼ਿਲ੍ਹਾ ਰੈੱਡ ਕਰਾਸ ਦੇ ਸਹਿਯੋਗ ਨਾਲ ਇਕ ਸੱਤ ਮੈਂਬਰੀ ਮਹਿਲਾ ਬਾਈਕਰ ਸਮੂਹ 'ਪੰਜ-ਆਬ ਰਾਈਡਰਜ਼' ਵੱਲੋਂ ਇੱਕ ਵਿਲੱਖਣ

‘ਰਾਈਡ ਫਾਰ ਪੀਸ’ ਨੂੰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਝੰਡੀ ਦੇ ਕੇ ਰਵਾਨਾ ਕੀਤਾ । ਮਹਿਲਾ ਮੋਟਰਸਾਈਕਲ ਸਵਾਰਾਂ ਵੱਲੋਂ ਸਵੇਰੇ 6 ਵਜੇ ਡਿਪਟੀ ਕਮਿਸ਼ਨਰ ਦੀ ਰਿਹਾਇਸ਼ ਤੋਂ ਯਾਤਰਾ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਉਨ੍ਹਾਂ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਅਟਾਰੀ, ਹੁਸੈਨੀਵਾਲਾ, ਫਾਜ਼ਿਲਕਾ, ਸ਼੍ਰੀ ਗੰਗਾਨਗਰ, ਬੀਕਾਨੇਰ, ਪੋਖਰਣ, ਜੈਸਲਮੇਰ ਅਤੇ ਲੌਂਗੇਵਾਲਾ ਨੂੰ ਕਵਰ ਕੀਤਾ ਜਾਵੇਗਾ। ਮਹਿਲਾ ਮੋਟਰਸਾਈਕਲ ਸਵਾਰਾਂ ਨੇ ਦੇਸ਼ ਦੇ ਬਹਾਦਰ ਸੈਨਿਕਾਂ ਦੇ ਸਨਮਾਨ ਅਤੇ ਆਜ਼ਾਦੀ ਦਿਹਾੜੇ ਦੇ ਜਸ਼ਨਾਂ ਦੇ ਮੱਦੇਨਜ਼ਰ ਦੇਸ਼ ਭਗਤੀ, ਸ਼ਾਂਤੀ ਅਤੇ ਨਸ਼ਾ ਮੁਕਤ ਸਮਾਜ ਦਾ ਸੰਦੇਸ਼ ਫੈਲਾਉਣ ਲਈ ਹੱਥ ਵਿੱਚ ਤਿਰੰਗਾ ਫੜਿਆ ਹੋਇਆ ਸੀ। ਮੀਂਹ ਅਤੇ ਖ਼ਰਾਬ ਮੌਸਮ ਦੇ ਬਾਵਜੂਦ ਮਹਿਲਾ ਬਾਈਕਰਾਂ ਨੇ ਇਸ ਨੇਕ ਕੰਮ ਲਈ ਆਪਣੀ ਯਾਤਰਾ ਸ਼ੁਰੂ ਕੀਤੀ।

ਡਾ. ਅਗਰਵਾਲ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਮਾਜਿਕ ਜਾਗਰੂਕਤਾ ਅਤੇ ਮਹਿਲਾ ਸਸ਼ਕਤੀਕਰਨ ਦਾ ਇੱਕ ਸ਼ਕਤੀਸ਼ਾਲੀ ਸੁਮੇਲ ਦੱਸਿਆ। ਉਨ੍ਹਾਂ ਕਿਹਾ ਕਿ ਇਸ ਯਾਤਰਾ ਤੋਂ ਨੌਜਵਾਨਾਂ ਨੂੰ ਜ਼ਿੰਦਗੀ ਚ ਨਸ਼ੇ ਤੋਂ ਦੂਰ ਰਹਿਕੇ ਇਕ ਟੀਚਾ ਮਿੱਥ ਕੇ

ਹਿੰਮਤ ਨਾਲ ਜਿਊਣ ਦਾ ਸੰਦੇਸ਼ ਮਿਲੇਗਾ। ਪੰਜ-ਆਬ ਰਾਈਡਰਜ਼ ਦੀ ਸੰਸਥਾਪਕ ਅੰਬਿਕਾ ਸੋਨੀਆ ਨੇ ਕਿਹਾ ਕਿ ਇਹ ਰਾਈਡ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਸੈਨਿਕਾਂ ਅਤੇ ਇੱਕ ਸ਼ਾਂਤਮਈ, ਸੁਰੱਖਿਅਤ ਅਤੇ ਨਸ਼ਾ ਮੁਕਤ ਪੰਜਾਬ ਦੀ ਉਮੀਦ ਨੂੰ ਸਮਰਪਿਤ ਏ।

----------------------------------------------------------------

- ਕੇਂਦਰ ਸਰਕਾਰ ਵਲੋਂ ਪੰਜਾਬ ,ਓਡੀਸ਼ਾ, ਅਤੇ ਆਂਧਰਾ ਪ੍ਰਦੇਸ਼ ਵਿੱਚ ਚਾਰ ਨਵੇਂ ਸੈਮੀਕੰਡਕਟਰ ਪ੍ਰੋਜੈਕਟਾਂ ਨੂੰ ਮਨਜ਼ੂਰੀ ।

- ਪੰਜਾਬ ਸਮੇਤ ਦੇਸ਼ ਭਰ ਵਿਚ ਆਜ਼ਾਦੀ ਦਿਵਸ ਨੂੰ ਸਮਰਪਿਤ ਹਰ ਘਰ ਤਿਰੰਗਾ ਮੁਹਿੰਮ ਤਹਿਤ, ਤਿਰੰਗਾ ਰੈਲੀਆਂ ਦਾ ਆਯੋਜਨ।

- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ- 'ਸੇਫ ਪੰਜਾਬ ਪੋਰਟਲ' ਸਦਕਾ ਇੱਕ ਸਾਲ ਵਿੱਚ 5 ਹਜ਼ਾਰ ਤੋਂ ਵੱਧ ਮਾਮਲੇ ਦਰਜ ਹੋਏ - 25 ਹਜ਼ਾਰ 552 ਮੁਲਜ਼ਮ ਕੀਤੇ ਗਏ ਗ੍ਰਿਫ਼ਤਾਰ।

- ਕਪੂਰਥਲਾ ਵਿਚ ਪਾਣੀ ਦੇ ਵਧਦੇ ਪੱਧਰ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਨੇ ਲਿਆ ਸਥਿੱਤੀ ਦਾ ਜਾਇਜ਼ਾ -ਲਗਾਤਾਰ ਨਿਗਰਾਨੀ ਲਈ ਡਰੋਨ ਦੀ ਵਰਤੋਂ ਸ਼ੁਰੂ।

- ਨਸ਼ਾ ਮੁਕਤ ਸਮਾਜ ਦਾ ਸੰਦੇਸ਼ ਫੈਲਾਉਣ ਲਈ, ਜਲੰਧਰ ਤੋਂ ਸੱਤ ਮੈਂਬਰੀ ਮਹਿਲਾ ਬਾਈਕਰ ਸਮੂਹ 'ਪੰਜ-ਆਬ ਰਾਈਡਰਜ਼' ਵੱਲੋਂ, ਇੱਕ ਵਿਲੱਖਣ 'ਰਾਈਡ ਫਾਰ ਪੀਸ' ਨੂੰ ਡਿਪਟੀ ਕਮਿਸ਼ਨਰ ਨੇ ਝੰਡੀ ਦੇ ਕੇ ਰਵਾਨਾ ਕੀਤਾ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**